## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਐਸ.ਏ.ਐਸ ਨਗਰ, ਪੰਜਾਬ।

ਹੁਕਮ ਨੰ:: (644 ਸੇ-3) 3/126-11 ਸੇ3(6) ਕੋ:ਸ:3
ਮਿਤੀ, ਐਸ.ਏ.ਐਸ ਨਗਰ :: 23-06-2017

ਇਸ ਦਫਤਰ ਦੇ ਹੁਕਮ ਨੰ:(224 ਸੇ-3) ਕੇ.ਡਬਲਿਊ.3/126-11 ਸੇ3(6) ਕੋ:ਸ:3/3095-97 ਮਿਤੀ 10.03.17 ਰਾਹੀਂ ਸ੍ਰੀਮਤੀ ਹਰਿੰਦਰ ਕੌਰ, ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਫਤਿਹਗੜ੍ਹ ਸਾਹਿਬ ਨੂੰ ਮਿਤੀ 22-06-17 ਤੋਂ ਮਿਤੀ 21-07-17 ਤੱਕ ਅੱਧੀ ਤਨਖਾਹ ਛੁੱਟੀ ਸਮੇਤ ਸਟੇਸ਼ਨ ਲੀਵ ਵਿਦੇਸ਼(ਕਨੇਡਾ) ਜਾਣ ਲਈ ਮੰਜੂਰ ਕੀਤੀ ਗਈ ਸੀ। ਹੁਣ ਅਧਿਕਾਰੀ ਸ੍ਰੀਮਤੀ ਹਰਿੰਦਰ ਕੌਰ, ਪ੍ਰਿੰਸੀਪਲ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ ਪਟਿਆਲਾ ਦੀ ਪ੍ਰਤੀਬੇਨਤੀ ਤੇ ਕਿ ਉਸਨੂੰ ਹਵਾਈ ਟਿਕਟ ਨਾ ਮਿਲਣ ਕਾਰਨ ਮਿਤੀ 22-06-17 ਤੋ ਮਿਤੀ 21-07-17 ਦੀ ਬਜਾਏ **ਮਿਤੀ 03-07-17 ਤੋਂ ਮਿਤੀ 01-08-17** ਤੱਕ ਦੀ ਵਿਦੇਸ਼ ਛੁੱਟੀ ਪਹਿਲਾਂ ਜਾਰੀ ਕੀਤੇ ਹੁਕਮਾਂ ਵਿੱਚ ਦਰਜ ਸ਼ਰਤਾਂ ਅਧੀਨ ਮੰਜੂਰ ਕੀਤੀ ਜਾਂਦੀ ਹੈ।

ਸੁਖਦੇਵ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ/8724-27 ਮਿਤੀ :- 23/6/17

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ :-

1. ਮਾਨਯੋਗ ਵਧੀਕ ਮੁੱਖ ਸਕੱਤਰ (ਸਿੱਖਿਆ-4 ਸ਼ਾਖਾ)।
2. ਮੰਡਲ ਸਿੱਖਿਆ ਅਫਸਰ ਨਾਭਾ।
3. ਜਿਲ੍ਹਾ ਸਿੱਖਿਆ ਅਫਸਰ(ਸੈਸਿ) ਪਟਿਆਲਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ/ ਅਧਿਕਾਰੀ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜ਼ਰ ਹੋਣ/ਨਾ ਹੋਣ ਸਬੰਧੀ ਸੂਚਨਾ ਇਸ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ। ਅਧਿਕਾਰੀ/ਕਰਮਚਾਰੀ ਦੀ ਛੁੱਟੀ ਸਬੰਧੀ ਇੰਦਰਾਜ ਸੇਵਾ ਪੱਤਰੀ ਵਿੱਚ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਕਰਮਚਾਰੀ/ਅਧਿਕਾਰੀ ਦੀ ਛੁੱਟੀ 10 ਦਿਨ ਤੋ ਵੱਧ ਹੋਣ ਕਾਰਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀਂ ਕੀਤੀ ਜਾਣੀ ਹੈ।
4. ਸ੍ਰੀਮਤੀ ਹਰਿੰਦਰ ਕੌਰ, ਪ੍ਰਿੰਸੀਪਲ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ ਪਟਿਆਲਾ।

ਸੁਪਰਡੰਟ ਕੋਆਰਡੀਨੇਸ਼ਨ ਸੈਲ
Net

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਐਸ.ਏ.ਐਸ ਨਗਰ, ਪੰਜਾਬ।

ਹੁਕਮ ਨੰ:: (1084ਅ3) 07/93-17 ਅ3 (4) (ਕੋ:ਸ 3)
ਮਿਤੀ, ਐਸ.ਏ.ਐਸ.ਨਗਰ :: 23-06-17

ਸ਼੍ਰੀ ਪਰਮਿੰਦਰ ਸਿੰਘ,ਪੰਜਾਬੀ ਮਾਸਟਰ,ਸ.ਹ.ਸ ਨੰਗਲ ਈਸ਼ਰ ਜਿਲ੍ਹਾ ਹੁਸ਼ਿਆਰਪੁਰ ਨੂੰ ਮਿਤੀ 28-06-17 ਤੋਂ ਮਿਤੀ 27-07-17 ਤੱਕ ਅੱਧੀ ਤਨਖਾਹ ਛੁੱਟੀ ਵਿਦੇਸ਼ (ਕਨੇਡਾ) ਜਾਣ ਲਈ ਹੇਠ ਲਿਖੀਆਂ ਸ਼ਰਤਾ ਤੇ ਪ੍ਰਵਾਨਗੀ ਦਿੱਤੀ ਜਾਂਦੀ ਹੈ:-

1. ਕਰਮਚਾਰੀ/ਕਰਮਚਾਰਨ ਆਪਣੀ ਛੁਟੀ ਵਿਚ ਵਾਧਾ ਨਹੀ ਕਰੇਗਾ/ ਕਰੇਗੀ।
2. ਕਰਮਚਾਰੀ/ਕਰਮਚਾਰਨ ਵਿਦੇਸ਼ ਵਿੱਚ ਜਾ ਕੇ ਦੇਸ਼ ਵਿਰੋਧੀ ਗਤੀਵਿਧੀਆ ਵਿਚ ਹਿਸਾ ਨਹੀ ਲਵੇਗਾ/ਲਵੇਗੀ।
3. ਕਰਮਚਾਰੀ/ਕਰਮਚਾਰਨ ਛੁਟੀ ਖੱਤਮ ਹੋਣ ਤੇ ਵਾਪਸ ਹਾਜਰ ਨਹੀ ਹੁੰਦਾ/ਹੁੰਦੀ ਤਾਂ ਉਸ ਵਲੋਂ ਦਿੱਤੇ ਹਲਫੀਆ ਬਿਆਨ ਅਨੁਸਾਰ ਉਸਦਾ ਸਰਕਾਰੀ ਨੋਕਰੀ ਤੋ ਅਸਤੀਫਾ ਪ੍ਰਵਾਨ ਕਰ ਲਿਆ ਜਾਵੇਗਾ।
4. ਕਰਮਚਾਰੀ/ਕਰਮਚਾਰਨ ਵਿਦੇਸ਼ ਵਿੱਚ ਰਹਿੰਦੇ ਹੋਏ ਆਪਣੀ ਆਮਦਨ ਲਈ ਕਿਸੇ ਹੋਰ ਜਗ੍ਹਾ ਨੌਕਰੀ ਨਹੀਂ ਕਰੇਗਾ/ ਕਰੇਗੀ।
5. ਕਰਮਚਾਰੀ/ਕਰਮਚਾਰਨ ਖਿਲਾਫ ਕੋਈ ਪੁਲਿਸ/ਵਿਜੀਲੈਂਸ ਕੇਸ /ਵਿਭਾਗੀ ਪੈਂਡਿੰਗ ਪੜਤਾਲ/ਏ.ਜੀ. ਪੰਜਾਬ ਵੱਲੋਂ ਆਡਿਟ ਇਤਰਾਜ ਅਤੇ ਐਲ.ਟੀ.ਸੀ ਆਦਿ ਸਬੰਧੀ ਕੋਈ ਕੇਸ ਪੈਂਡਿੰਗ ਨਾ ਹੋਵੇ।
6. ਜੇਕਰ ਕਿਸੇ ਕਾਰਣ ਮੰਜੂਰ ਹੋਈ ਛੁੱਟੀ ਸਬੰਧਤ ਕਰਮਚਾਰੀ ਵੱਲੋ ਅਵੇਲ ਨਹੀ ਕੀਤੀ ਜਾਂਦੀ ਤਾਂ ਮੰਜੂਰ ਕੀਤੀ ਛੁੱਟੀ ਰੱਦ ਸਮਝੀ ਜਾਵੇਗੀ ।

ਸੁਖਦੇਵ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ

ਪਿੱਠ ਅੰਕਣ ਨੰ: ਉਕਤ 8717-19    ਮਿਤੀ,ਐਸ.ਏ.ਐਸ.ਨਗਰ : 23/6/17

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ :-

1. ਜ਼ਿਲਾ ਸਿਖਿਆ ਅਫਸਰ (ਸੈਸਿ) ਹੁਸ਼ਿਆਰਪੁਰ ਨੂੰ ਦੇ ਪੱਤਰ ਨੰਬਰ ਅ-3/2017 /1148 ਮਿਤੀ 16-06-17 ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ/ਕਰਮਚਾਰਨ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜ਼ਰ ਹੋਣ / ਨਾ ਹੋਣ ਸਬੰਧੀ ਸੂਚਨਾ ਇਸ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ।
2. ਪ੍ਰਿੰਸੀਪਲ/ ਮੁਖ ਅਧਿਆਪਕ, ,ਸ.ਹ.ਸ ਨੰਗਲ ਈਸ਼ਰ ਜਿਲ੍ਹਾ ਹੁਸ਼ਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਅਧਿਕਾਰੀ/ ਅਧਿਕਾਰਨ ਦੀ ਛੁੱਟੀ 10 ਦਿਨ ਤੋ ਵੱਧ ਹੋਣ ਕਾਰਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀਂ ਕੀਤੀ ਜਾਣੀ ਹੈ ਅਤੇ ਛੁੱਟੀ ਸਬੰਧੀ ਇੰਦਰਾਜ ਸੇਵਾ ਪੱਤਰੀ ਵਿੱਚ ਕੀਤਾ ਜਾਵੇ।
3. ਸ਼੍ਰੀ ਪਰਮਿੰਦਰ ਸਿੰਘ,ਪੰਜਾਬੀ ਮਾਸਟਰ,ਸ.ਹ.ਸ ਨੰਗਲ ਈਸ਼ਰ ਜਿਲ੍ਹਾ ਹੁਸ਼ਿਆਰਪੁਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ